# ਪੰਜਾਬ ਸਕੂਲ ਸਿੱਖਿਆ ਬੋਰਡ

## ਨੋਟੀਫਿਕੇਸ਼ਨ

ਨੋਟੀ: ਨੰ:340-ਪਸਸਬ-5ਅਸ-ਕੋ.ਸੈੱਲ-2020/1208 ਮਿਤੀ:ਸਾਹਿਬਜ਼ਾਦਾ ਅਜੀਤ ਸਿੰਘ ਨਗਰ:-10/6/2020

ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ, ਬੋਰਡ ਦੀ ਇਕੱਤਰਤਾ ਮਿਤੀ 17.11.2016 ਵਿੱਚ ਮੱਦ ਨੰ. 8 (1) ਰਾਹੀਂ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਸਰਕਾਰ, ਵਿੱਤ ਵਿਭਾਗ, ਕਰਜ਼ਾ ਸ਼ਾਖਾ ਵੱਲੋਂ ਜਾਰੀ ਪੱਤਰ ਨੰ. ਵਿ:ਵਿ: ਕਰਜਾ-ਭ.ਅ.(ਕਰਜਾ)/ਪੀ.7/2020/3585 ਮਿਤੀ 28.05.2020 (**ਅਨੁਲੱਗ ਕ, ਪੰਨਾ ਨੰ. 1-3**) ਬੋਰਡ ਦਫਤਰ ਵਿੱਚ ਅਡਾਪਟ ਕਰਨ ਦੀ ਪ੍ਰਵਾਨਗੀ ਦਿੰਦੇ ਹਨ।

ਮਿਤੀ: ਸਾਹਿਬਜ਼ਾਦਾ ਅਜੀਤ ਸਿੰਘ ਨਗਰ
09-06-2020

ਸਕੱਤਰ,
ਪੰਜਾਬ ਸਕੂਲ ਸਿੱਖਿਆ ਬੋਰਡ

ਪਿੱਠ ਅੰਕਣ ਨੰ:ਪਸਸਬ-5ਅਸ-ਕੋ.ਸੈੱਲ-2020/1208 ਮਿਤੀ:ਸਾਹਿਬਜ਼ਾਦਾ ਅਜੀਤ ਸਿੰਘ ਨਗਰ: 10/6/2020

ਉਪਰੋਕਤ ਦਾ ਉਤਾਰਾ ਨਿਮਨਲਿਖਤ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਨਿ.ਸ./ ਚੇਅਰਮੈਨ, ਨਿ.ਸ./ ਸਕੱਤਰ ਨੂੰ ਚੇਅਰਮੈਨ ਅਤੇ ਸਕੱਤਰ ਜੀ ਦੀ ਸੂਚਨਾ ਹਿੱਤ;
2) ਸੰਯੁਕਤ ਸਕੱਤਰ (ਜ)/ ਕੰਟਰੋਲਰ, ਪ੍ਰੀਖਿਆਵਾਂ;
3) ਉਪ ਕੰਟਰੋਲਰ, ਲੋਕਲ ਆਡਿਟ;
4) ਸਹਾਇਕ ਸਕੱਤਰ (ਅਮਲਾ, ਲੇਖਾ);
5) ਸਮੂਹ ਸ਼ਾਖਾ ਮੁੱਖੀ;
6) ਰਿਕਾਰਡਰ, ਅਮਲਾ ਸ਼ਾਖਾ;

ਪੰਜਾਬ ਸਕੂਲ ਸਿੱਖਿਆ ਬੋਰਡ ।

10/6/2020
ਸੁਪਰਡੰਟ (ਅਮਲਾ-3)
ਵਾ: ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।

Scanned with CamScanner

ADTA-DD10D4(WHLN)/1/2020-O/o Section Officer (III)

ਨੰ: ਵਿ:ਵਿ:ਕਰਜਾ-ਭ.ਅ.(ਕਰਜਾ)/ਮੀ.7/2020/ 3585

ਪੰਜਾਬ ਸਰਕਾਰ,ਵਿੱਤ ਵਿਭਾਗ

(ਕਰਜ਼ਾ ਸ਼ਾਖਾ)

ਵੱਲ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰ, ਰਜਿਸਟਰਾਰ, ਪੰਜਾਬ ਅਤੇ
ਹਰਿਆਣਾ ਹਾਈ ਕੋਰਟ, ਜਿਲ੍ਹਾ ਅਤੇ ਸੈਸ਼ਨ ਜੱਜ ਅਤੇ
ਡਿਪਟੀ ਕਮਿਸ਼ਨਰ।

ਮਿਤੀ: ਚੰਡੀਗੜ੍ਹ: 28.05.2020

ਵਿਸ਼ਾ: ਸਾਲ 2020-21 ਵਿੱਚ ਗਰੁੱਪ-ਡੀ (ਦਰਜਾ-4) ਕਰਮਚਾਰੀਆਂ ਨੂੰ ਕਣਕ ਦੀ ਖਰੀਦ ਲਈ ਕਰਜ਼ਾ ਦੇਣ ਬਾਰੇ।

ਸ੍ਰੀ ਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਪੰਜਾਬ ਸਰਕਾਰ ਨੇ ਆਪਣੇ ਗਰੁੱਪ-ਡੀ (ਦਰਜ਼ਾ-4) ਕਰਮਚਾਰੀਆਂ ਨੂੰ ਕਣਕ ਦੀ ਖਰੀਦ ਲਈ ਸੂਦ ਰਹਿਤ 7500/- ਰੁਪਏ (ਅੱਖਰੀ ਕੇਵਲ ਸੱਤ ਹਜ਼ਾਰ ਪੰਜ ਸੌ ਰੁਪਏ) ਤੱਕ ਸਾਲ 2020-21 ਵਿੱਚ ਬਤੌਰ ਕਰਜ਼ਾ ਦੇਣ ਦਾ ਫੈਸਲਾ ਕੀਤਾ ਹੈ। ਇਸ ਕਰਜ਼ੇ ਦੀ ਰਕਮ ਮਿਤੀ 19 ਜੂਨ, 2020 ਤੱਕ ਕਢਵਾਈ ਜਾ ਸਕੇਗੀ। ਇਹ ਕਰਜ਼ਾ 8 ਮਾਹਵਾਰ ਕਿਸ਼ਤਾਂ ਵਿੱਚ ਵਸੂਲਿਆਂ ਜਾਵੇਗਾ। ਇਸ ਦੀ ਵਸੂਲੀ ਜੁਲਾਈ, 2020 ਦੀ ਤਨਖਾਹ ਤੋਂ ਸ਼ੁਰੂ ਹੋ ਜਾਵੇਗੀ ਤਾਂ ਜੋ ਸਾਰੇ ਕਰਜ਼ੇ ਦੀ ਵਸੂਲੀ ਇਸ ਵਿੱਤੀ ਸਾਲ ਦੇ ਖਤਮ ਹੋਣ ਤੋਂ ਪਹਿਲਾਂ ਹੋ ਸਕੇ। ਇਹ ਕਰਜ਼ਾ ਸਿਰਫ ਰੈਗੂਲਰ ਗਰੁੱਪ-ਡੀ (ਦਰਜ਼ਾ-4) ਕਰਮਚਾਰੀਆਂ ਨੂੰ ਹੀ ਮਿਲੇਗਾ। ਦਿਹਾੜੀਦਾਰ, ਵਰਕਚਾਰਜ਼ਡ ਕਰਮਚਾਰੀ ਆਦਿ ਇਸ ਫੈਸਲੇ ਅਧੀਨ ਨਹੀਂ ਆਉਣਗੇ। ਜਿਹੜੇ ਕਰਮਚਾਰੀ ਆਰਜੀ ਹਨ ਉਹਨਾਂ ਨੂੰ ਕਰਜ਼ਾ ਦੇਣ ਤੋਂ ਪਹਿਲਾਂ ਡਿਸਬਰਸਿੰਗ ਅਫਸਰ ਆਪਣੀ ਤਸੱਲੀ ਦੀ ਜਾਮਨੀ ਲੈ ਲੈਣ ਤਾਂ ਜੋ ਇਹ ਕਰਜ਼ਾ ਪੂਰਾ ਸੁਰੱਖਿਅਤ ਹੋਵੇ, ਅਤੇ ਨਿਰਧਾਰਤ ਸਮੇਂ ਅਨੁਸਾਰ ਵਸੂਲੀ ਹੋ ਸਕੇ। ਜਿਥੇ ਕਿਸੇ ਪਰਿਵਾਰ ਦੇ ਇੱਕ ਤੋਂ ਜਿਆਦਾ ਮੈਂਬਰ ਪੰਜਾਬ ਸਰਕਾਰ ਦੀ ਸੇਵਾ ਵਿੱਚ ਹਨ ਤੇ ਇੱਕੋ ਥਾਂ ਰਹਿੰਦੇ ਹਨ ਉਥੇ ਸਿਰਫ ਇੱਕੋ ਕਰਮਚਾਰੀ ਨੂੰ ਹੀ ਕਰਜ਼ਾ ਦਿੱਤਾ ਜਾਵੇਗਾ। ਇਸ ਬਾਰੇ ਸਬੰਧਤ ਕਰਮਚਾਰੀ ਨੂੰ ਨੱਥੀ ਅਨੁਲੱਗ ਅਨੁਸਾਰ ਬਣਦਾ ਸਰਟੀਫਿਕੇਟ ਦੇਣਾ ਪਵੇਗਾ।

2. ਇਸ ਕਰਜ਼ੇ ਦੀ ਮੰਨਜ਼ੂਰੀ ਜਾਰੀ ਕਰਨ ਦਾ ਅਧਿਕਾਰ ਡਿਸਬਰਸਿੰਗ ਅਫਸਰ ਨੂੰ ਹੋਵੇਗਾ ਅਤੇ ਉਹ ਮੰਨਜ਼ੂਰੀ ਜਾਰੀ ਕਰਨ ਤੋਂ ਪਹਿਲਾਂ ਇਹ ਯਕੀਨੀ ਬਣਾ ਲਵੇਗਾ ਕਿ ਕਰਮਚਾਰੀ ਉਤਨੇ ਸਮੇਂ ਲਈ ਸੇਵਾ ਵਿੱਚ ਰਹੇਗਾ ਜਿੰਨਾ ਸਮਾਂ ਇਸ ਕਰਜ਼ੇ ਦੀ ਵਸੂਲੀ ਲਈ ਨਿਸ਼ਚਿਤ ਕੀਤਾ ਗਿਆ ਹੈ।

3. ਰਕਮ ਖਜਾਨੇ ਵਿੱਚੋਂ ਕਢਵਾਉਣ ਤੋਂ ਇੱਕ ਮਹੀਨੇ ਦੇ ਅੰਦਰ ਅੰਦਰ ਕਰਜ਼ਦਾਰ ਕਰਮਚਾਰੀ ਆਪਣੇ ਡਿਸਬਰਸਿੰਗ ਅਫਸਰ ਨੂੰ ਖਰੀਦੀ ਗਈ ਕਣਕ ਬਾਰੇ ਰਸੀਦ ਪੇਸ਼ ਕਰੇਗਾ। ਜੇਕਰ ਵਰਤੀ ਗਈ ਰਕਮ ਕਰਜ਼ੇ ਦੀ ਰਕਮ ਤੋਂ ਘੱਟ ਹੋਵੇ ਤਾਂ ਬਾਕੀ ਦੀ ਰਕਮ ਉਸ ਦੀ ਜੁਲਾਈ, 2020 ਦੀ ਤਨਖਾਹ ਵਿਚੋਂ ਕੱਟ ਲਈ ਜਾਵੇ।

4. ਕਰਜ਼ੇ ਦੀ ਰਕਮ ਨਾਨ ਪਲਾਨ ਸਾਈਡ ਤੇ ਹੈਡ "7610 ਸਰਕਾਰੀ ਮੁਲਾਜਮਾਂ ਨੂੰ ਕਰਜ਼ੇ ਆਦਿ -800- ਹੋਰ ਕਰਜੇ ਆਦਿ-11-ਕਣਕ ਕਰਜ਼ੇ - 55 ਕਰਜ਼ੇ ਅਤੇ ਪੇਸ਼ਗੀਆਂ" ਅਧੀਨ ਬੁਕ ਕੀਤੀ ਜਾਵੇਗੀ। ਇਸ ਦੀ ਮਾਹਵਾਰ ਵਸੂਲੀ ਕਾਰਸਪਾਂਡਿੰਗ ਰਸੀਟ ਹੈਡ "7610-ਸਰਕਾਰੀ ਮੁਲਾਜਮਾਂ ਨੂੰ ਕਰਜ਼ੇ ਆਦਿ -800-ਹੋਰ ਕਰਜ਼ੇ ਆਦਿ-11 ਕਣਕ ਕਰਜ਼ੇ - 55 ਕਰਜ਼ੇ ਅਤੇ ਪੇਸ਼ਗੀਆਂ-ਪ੍ਰਾਪਤੀਆਂ" ਨੂੰ ਕੀਤੀ ਜਾਵੇਗੀ।

Scanned with CamScanner

ਇਸ ਕਰਜ਼ੇ ਸਬੰਧੀ ਵਿਅਕਤੀਗਤ ਲੇਖਾ-ਜੋਖਾ ਸਬੰਧਤ ਡਿਸਬਰਸਿੰਗ ਅਫਸਰ ਰੱਖੇਗਾ ਅਤੇ ਉਹ ਆਪਣੇ ਪੱਧਰ ਤੇ ਇਹ ਯਕੀਨੀ ਬਣਾਏਗਾ ਕਿ ਕਰਜ਼ੇ ਦੀ ਵਸੂਲੀ ਉਪਰੋਕਤ ਵਰਨਣ ਅਨੁਸਾਰ ਕੀਤੀ ਗਈ ਹੈ। ਇਸ ਕਰਜ਼ੇ ਦੀ ਵਸੂਲੀ ਸਬੰਧੀ ਹਰ ਤਨਖਾਹ ਦੇ ਬਿਲ ਨਾਲ ਅਲੱਗ ਸ਼ਡਿਊਲ ਲਗਾਇਆ ਜਾਵੇਗਾ ਜਿਸ ਵਿੱਚ ਕਰਮਚਾਰੀ ਵਾਈਜ਼ ਕਰਜ਼ੇ ਦੀ ਕੁੱਲ ਰਕਮ, ਮੌਜੂਦਾ ਬਿਲ ਵਿੱਚ ਕੀਤੀ ਕਟੌਤੀ ਅਤੇ ਬਕਾਇਆ ਵਿਖਾਇਆ ਜਾਵੇਗਾ।

6. ਹਰ ਵਿਭਾਗ ਦਾ ਮੁੱਖੀ ਆਪਣੇ ਵਿਭਾਗ ਵਲੋਂ ਡਰਾਅ ਕੀਤੀ ਕਰਜ਼ੇ ਦੀ ਰਾਸ਼ੀ ਅਤੇ ਕੀਤੀ ਗਈ ਰਿਕਵਰੀ ਦਾ ਮਿਲਾਣ ਮਹਾਂਲੇਖਾਕਾਰ, ਪੰਜਾਬ ਨਾਲ ਕਰਨਾ ਯਕੀਨੀ ਬਣਾਉਣਗੇ। ਇਹ ਕਰਜ਼ਾ ਉਨ੍ਹਾਂ ਗਰੁੱਪ-ਡੀ (ਦਰਜ਼ਾ ਚਾਰ) ਕਰਮਚਾਰੀਆਂ ਨੂੰ ਹੀ ਦਿੱਤਾ ਜਾਵੇਗਾ ਜੋ ਇਸ ਕਰਜ਼ੇ ਲਈ ਅਪਲਾਈ ਕਰਨਗੇ।

ਨੱਥੀ: ਉਪਰੋਕਤ ਅਨੁਸਾਰ।

ਵਿਸ਼ਵਾਸ ਪਾਤਰ,

ਐਡੀਸ਼ਨਲ ਡਾਇਰੈਕਟਰ (ਖਰਚੇ)
ਮਿਤੀ
ਵਾ:ਪ੍ਰਮੁੱਖ ਸਕੱਤਰ ਵਿੱਤ

ਪਿੱਠ ਅੰਕਣ ਨੰ: ਵਿ:ਵਿ:ਕਰਜ਼ਾ-ਭ.ਅ.(ਕਰਜ਼ਾ)/7/2020/3586-87 ਮਿਤੀ: 28.05.2020

ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਮਹਾਂਲੇਖਾਕਾਰ,(ਆਡਿਟ) ਪੰਜਾਬ, ਚੰਡੀਗੜ੍ਹ।
2. ਪ੍ਰਮੁੱਖ ਮਹਾਂਲੇਖਾਕਾਰ, (ਏ ਅਤੇ ਈ) ਪੰਜਾਬ, ਚੰਡੀਗੜ੍ਹ।

ਐਡੀਸ਼ਨਲ ਡਾਇਰੈਕਟਰ (ਖਰਚੇ)

ਪਿੱਠ ਅੰਕਣ ਨੰ: ਵਿ:ਵਿ:ਕਰਜ਼ਾ-ਭ.ਅ.(ਕਰਜ਼ਾ)/7/2020/3588 ਮਿਤੀ: 28.05.2020

ਇੱਕ ਉਤਾਰਾ ਪੰਜਾਬ ਰਾਜ ਦੇ ਜਿਲ੍ਹਾ ਖਜ਼ਾਨਾ /ਖਜ਼ਾਨਾ ਅਫਸਰਾਂ ਨੂੰ ਸੂਚਨਾ ਅਤੇ ਜ਼ਰੂਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਐਡੀਸ਼ਨਲ ਡਾਇਰੈਕਟਰ (ਖਰਚੇ)

ਪਿੱਠ ਅੰਕਣ ਨੰ: ਵਿ:ਵਿ:ਕਰਜ਼ਾ-ਭ.ਅ.(ਕਰਜ਼ਾ)/7/2020/3589-90 ਮਿਤੀ: 28-5-2020

ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1. ਰੈਜ਼ੀਡੈਂਟ, ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ, ਪੰਜਾਬ ਭਵਨ ਕਾਪਰਨੀਕਸ ਮਾਰਗ, ਨਵੀਂ ਦਿੱਲੀ।
2. ਤਨਖਾਹ ਅਤੇ ਲੇਖਾ ਅਫਸਰ, ਪੰਜਾਬ ਭਵਨ, ਨਵੀਂ ਦਿੱਲੀ।

ਐਡੀਸ਼ਨਲ ਡਾਇਰੈਕਟਰ (ਖਰਚੇ)

ਪਿੱਠ ਅੰਕਣ ਨੰ: ਵਿ: ਵਿ: ਕਰਜ਼ਾ -ਭ.ਅ (ਕਰਜ਼ਾ) /7/2020/3591-92 28.5.20

ਇਸ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪੰਜਾਬ ਸਰਕਾਰ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਐਡੀਸ਼ਨਲ ਡਾਇਰੈਕਟਰ (ਖਰਚੇ)

ਸੇਵਾ ਵਿਖੇ

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪੰਜਾਬ ਸਰਕਾਰ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਪਿੱਠ ਅੰਕਣ ਨੰ. ਵਿ:ਵਿ:ਕਰਜ਼ਾ-ਭ.ਅ. (ਕਰਜ਼ਾ)/7/2020/3591-92 ਮਿਤੀ 28.05.2020

Scanned with CamScanner

# ਸਰਟੀਫਿਕੇਟ

ਇਹ ਤਸਦੀਕ ਕੀਤਾ ਜਾਂਦਾ ਹੈ ਕਿ ਸ੍ਰੀ/ਸ੍ਰੀਮਤੀ........................................................
ਜੋ ਕਿ ਮੇਰੀ ਪਤਨੀ/ਪਤੀ/ਪਰਿਵਾਰ ਦਾ ਮੈਂਬਰ ਹੈ ਤੇ ਮੇਰੇ ਨਾਲ ਰਹਿ ਰਿਹਾ ਹੈ.........................................
ਮਹਿਕਮੇ ਵਿੱਚ ਕੰਮ ਕਰ ਰਿਹਾ ਹੈ, ਨੇ ਸਾਲ 2020-21 ਦੌਰਾਨ ਕਣਕ ਦੇ ਕਰਜ਼ੇ ਲਈ ਅਰਜ਼ੀ ਨਹੀਂ ਦਿੱਤੀ।

ਕਰਮਚਾਰੀ ਦੇ ਹਸਤਾਖਰ.........................................

# ਸਰਟੀਫਿਕੇਟ

ਇਹ ਤਸਦੀਕ ਕੀਤਾ ਜਾਂਦਾ ਹੈ ਕਿ ਮੇਰੀ ਪਤਨੀ/ਪਤੀ/ਮੇਰੇ ਪਰਿਵਾਰ ਦਾ ਕੋਈ ਮੈਂਬਰ, ਜੋ ਕਿ ਮੇਰੇ ਨਾਲ ਰਹਿ ਰਿਹਾ ਹੈ, ਪੰਜਾਬ ਸਰਕਾਰ ਦਾ ਮੁਲਾਜ਼ਮ ਨਹੀਂ ਹੈ।

ਕਰਮਚਾਰੀ ਦੇ ਹਸਤਾਖਰ.........................................



Scanned by CamScanner
Scanned with CamScanner